ਅਜੀਤ
ਵੀਰਵਾਰ, 31 ਜਨਵਰੀ, 2019




ਬੇਲਾ ਕਾਲਜ ਵਿਖੇ ਰੈਲੀ ਨੂੰ ਰਵਾਨਾ ਕਰਦੇ ਹੋਏ ਪ੍ਰਿੰ: ਸੁਰਮੁਖ ਸਿੰਘ, ਡਾ: ਸੈਲੇਸ਼ ਸ਼ਰਮਾ, ਪ੍ਰੋ: ਸਤਵੰਤ ਕੌਰ ਸ਼ਾਹੀ ਅਤੇ ਹੋਰ ਸਟਾਫ਼ ਮੈਂਬਰ। ਤਸਵੀਰ : ਮਨਜੀਤ ਸਿੰਘ ਸੈਣੀ

# ਰਾਸ਼ਟਰੀ ਬਾਲੜੀ ਦਿਵਸ ਮਨਾਇਆ

ਬੇਲਾ, 30 ਜਨਵਰੀ (ਮਨਜੀਤ ਸਿੰਘ ਸੈਣੀ)-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਵਿਚ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਗਿਆ। 'ਉੱਜਵਲ ਭਵਿੱਖ ਲਈ ਲੜਕੀਆਂ ਦਾ ਸ਼ਸ਼ਕਤੀਕਰਨ' ਨਾਅਰੇ ਹੇਠ ਕਾਲਜ ਦੀਆਂ ਲਗਪਗ 600 ਲੜਕੀਆਂ ਨੇ ਇਕ ਰੈਲੀ ਕੱਢੀ ਜਿਸ ਦਾ ਮੁੱਖ ਉਦੇਸ਼ ਸਮਾਜਿਕ ਬੁਰਾਈਆਂ ਤੋਂ ਲੋਕਾਂ ਨੂੰ ਜਾਗਰੂਕ ਕਰਨਾ ਸੀ। ਇਨ੍ਹਾਂ ਵਿਚ ਇਸਤਰੀ ਨਾਲ ਸਬੰਧਿਤ ਸਮੱਸਿਆਵਾਂ ਦੇ ਨਾਲ-ਨਾਲ ਨਸ਼ਿਆਂ ਦੇ ਖ਼ਿਲਾਫ਼ ਵੀ ਲੋਕਾਂ ਨੂੰ ਜਾਗਰੂਕ ਕਰਨ ਦੀ ਕੋਸ਼ਿਸ਼ ਕੀਤੀ ਗਈ। ਰੈਲੀ ਨੂੰ ਪੀ. ਜੀ. ਕਾਲਜ ਦੇ ਪ੍ਰਿੰਸੀਪਲ ਪ੍ਰੋ. ਸੁਰਮੁਖ ਸਿੰਘ, ਫਾਰਮੇਸੀ ਕਾਲਜ ਦੇ ਪ੍ਰਿੰਸੀਪਲ ਡਾ. ਸੈਲੇਸ਼ ਸ਼ਰਮਾ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਜੋ ਕਿ ਕਾਲਜ ਤੋਂ ਬੇਲਾ ਕਸਬੇ ਦੇ ਵੱਖ-ਵੱਖ ਬਾਜ਼ਾਰਾਂ ਤੋਂ ਹੁੰਦੇ ਹੋਏ ਵਾਪਸ ਕਾਲਜ ਵਿਚ ਆ ਕੇ ਖਤਮ ਹੋਈ।

ਇਸ ਰੈਲੀ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਵਿਚ ਡਾ. ਸਤਵੰਤ ਕੌਰ ਸ਼ਾਹੀ, ਪ੍ਰੋ. ਮਮਤਾ ਅਰੋੜਾ, ਡਾ. ਬਲਜੀਤ ਸਿੰਘ, ਪ੍ਰੋ. ਅਮਰਜੀਤ ਸਿੰਘ, ਪ੍ਰੋ. ਪ੍ਰਿਤਪਾਲ ਸਿੰਘ, ਪ੍ਰੋ. ਅੰਜਲੀ, ਪ੍ਰੋ. ਸੁਮਨ ਲਤਾ ਨੇ ਅਹਿਮ ਭੂਮਿਕਾ ਨਿਭਾਈ।

ਇਸ ਮੌਕੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੰਗਤ ਸਿੰਘ ਲੌਂਗੀਆ, ਮੈਨੇਜਰ ਸੁਖਵਿੰਦਰ ਸਿੰਘ ਵਿਸਕੀ, ਸਕੱਤਰ ਜਗਵਿੰਦਰ ਸਿੰਘ ਨੇ ਇਸ ਸਮਾਜ ਭਲਾਈ ਦੇ ਕੰਮ ਪ੍ਰਤੀ ਵਿਦਿਆਰਥੀਆਂ ਦੀ ਭਾਰੂ ਸ਼ਲਾਘਾ ਕੀਤੀ।